# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 24-06-2024**

- 18ਵੀਂ ਲੋਕ ਸਭਾ ਦਾ ਪਹਿਲਾ ਸੈਸ਼ਨ ਅੱਜ ਨਵੇਂ ਚੁਣੇ ਗਏ ਲੋਕਸਭਾ ਮੈਂਬਰਾਂ ਵੱਲੋਂ ਸਦਨ ਦੇ ਮੈਂਬਰ ਵਜੋਂ ਸਹੁੰ ਚੁੱਕਣ ਨਾਲ ਸ਼ੁਰੂ ਹੋਇਆ।
- ਪੰਜਾਬ ਦੇ ਰਾਜਪਾਲ ਬਨਵਾਰੀ ਲਾਲ ਪੁਰੋਹਿਤ ਨੇ ਮੋਹਾਲੀ ਵਿਖੇ 39ਵੇਂ 'ਨੈਸ਼ਨਲ ਲਰਨ ਟੂ ਲਿਵ ਟੂਗੈਦਰ ਕੈਂਪ' ਦਾ ਉਦਘਾਟਨ ਕੀਤਾ।
- ਜਲੰਧਰ ਪੱਛਮੀ ਰਾਖਵੇਂ ਵਿਧਾਨ ਸਭਾ ਹਲਕੇ ਦੀ ਜ਼ਿਮਨੀ ਚੋਣ ਲਈ ਨਾਮਜ਼ਦਗੀਆਂ ਦੀ ਪੜਤਾਲ ਪਿਛੋਂ 16 ਉਮੀਦਵਾਰਾਂ ਦੇ ਨਾਮਜ਼ਦਗੀ ਪੱਤਰ ਸਹੀ ਪਾਏ ਗਏ।
- ਆਈਸੀਸੀ ਟਵੰਟੀ-ਟਵੰਟੀ ਕ੍ਰਿਕਟ ਵਿਸ਼ਵ ਕੱਪ ਦੇ ਸੁਪਰ- 8 ਵਿੱਚ ਅੱਜ ਭਾਰਤ ਦਾ ਮੁਕਾਬਲਾ ਆਸਟਰੇਲੀਆ ਨਾਲ, ਆਕਾਸ਼ਵਾਣੀ ਤੇ ਮੈਚ ਕਮੈਂਟਰੀ ਦਾ ਸਿੱਧਾ ਪ੍ਰਸਾਰਣ ਹੋਵੇਗਾ।

----------------------------------------------------------

ਨਵੀਂ ਦਿੱਲੀ ਵਿਚ ਨਵੇਂ ਸੰਸਦ ਭਵਨ ਵਿਚ 18ਵੀਂ ਲੋਕ ਸਭਾ ਦਾ ਪਹਿਲਾ ਸੈਸ਼ਨ ਅੱਜ ਨਵੇਂ ਚੁਣੇ ਗਏ ਲੋਕਸਭਾ ਮੈਂਬਰਾਂ ਵੱਲੋਂ ਸਦਨ ਦੇ ਮੈਂਬਰ ਵਜੋਂ ਸਹੁੰ ਚੁੱਕਣ ਨਾਲ ਸ਼ੁਰੂ ਹੋਇਆ। ਲੋਕ ਸਭਾ ਦੇ ਨੇਤਾ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਸਭ ਤੋਂ ਪਹਿਲਾਂ ਸਦਨ ਦੇ ਮੈਂਬਰ ਵਜੋਂ ਸਹੁੰ ਚੁੱਕੀ। ਪ੍ਰੋ-ਟੈਮ ਸਪੀਕਰ ਭਰਤਰੁਹਰੀ ਮਹਿਤਾਬ ਨੇ ਸ੍ਰੀ ਮੋਦੀ ਨੂੰ ਸਹੁੰ ਚੁਕਾਈ। ਇਸ ਤੋਂ ਬਾਅਦ ਸ੍ਰੀ ਮਹਿਤਾਬ ਨੂੰ ਸਪੀਕਰ ਦੀ ਚੋਣ ਤੱਕ ਲੋਕ ਸਭਾ ਦੀ ਕਾਰਵਾਈ ਚਲਾਉਣ ਵਿੱਚ ਸਹਾਇਤਾ ਕਰਨ ਲਈ ਨਿਯੁਕਤ ਕੀਤੇ ਗਏ ਚੇਅਰਪਰਸਨ ਦੇ ਪੈਨਲ ਦੀ ਸਹੁੰ ਚੁਕਾਈ ਗਈ। ਭਾਜਪਾ ਦੇ ਸੰਸਦ ਮੈਂਬਰਾਂ ਰਾਧਾ ਮੋਹਨ ਸਿੰਘ ਅਤੇ ਫੱਗਣ ਸਿੰਘ ਕੁਲਸਤੇ ਨੇ ਚੇਅਰਮੈਨ ਪੈਨਲ ਦੇ ਮੈਂਬਰਾਂ ਵਜੋਂ ਸਹੁੰ ਚੁੱਕੀ। ਨਵੀਂ ਲੋਕ ਸਭਾ ਦੇ ਸਪੀਕਰ ਦੀ ਚੋਣ 26 ਜੂਨ ਨੂੰ ਹੋਵੇਗੀ ਜਦਕਿ ਰਾਸ਼ਟਰਪਤੀ ਦ੍ਰੋਪਦੀ ਮੁਰਮੂ 27 ਜੂਨ ਨੂੰ ਸੰਸਦ ਦੇ ਦੋਵਾਂ ਸਦਨਾਂ ਦੀ ਸਾਂਝੀ ਬੈਠਕ ਨੂੰ ਸੰਬੋਧਨ ਕਰਨਗੇ। ਰਾਜ ਸਭਾ ਦਾ ਸੈਸ਼ਨ ਵੀ 27 ਜੂਨ ਨੂੰ ਸ਼ੁਰੂ ਹੋਵੇਗਾ। ਸੰਸਦ ਦਾ ਸੈਸ਼ਨ 3 ਜੁਲਾਈ ਨੂੰ ਸਮਾਪਤ ਹੋਵੇਗਾ।

---

ਸੰਸਦ ਦੇ ਬਾਹਰ ਮੀਡੀਆ ਨਾਲ ਗੱਲਬਾਤ ਕਰਦਿਆਂ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਕਿ 18ਵੀਂ ਲੋਕ ਸਭਾ ਦਾ ਸੈਸ਼ਨ ਵਿਕਸ਼ਿਤ ਭਾਰਤ ਦੇ ਨਿਰਮਾਣ ਦੇ ਸੰਕਲਪ ਨਾਲ ਸ਼ੁਰੂ ਹੋ ਰਿਹਾ ਏ। ਉਨ੍ਹਾਂ ਭਰੋਸਾ ਦਿੱਤਾ ਕਿ ਉਨ੍ਹਾਂ ਦੀ ਸਰਕਾਰ ਸਾਰਿਆਂ ਨੂੰ ਨਾਲ ਲੈ ਕੇ ਦੇਸ਼ ਦੀ ਸੇਵਾ ਕਰਨ ਅਤੇ ਲੋਕਾਂ ਦੀਆਂ ਆਸਾਂ ਪੂਰਾ ਕਰਨ ਲਈ ਲਗਾਤਾਰ ਯਤਨ ਕਰੇਗੀ। ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਸਰਕਾਰ ਚਲਾਉਣ ਲਈ ਬਹੁਮਤ ਦੀ ਜਰੂਰਤ ਹੁੰਦੀ ਏ ਪਰ ਦੇਸ਼ ਨੂੰ ਚਲਾਉਣ ਲਈ ਆਮ ਸਹਿਮਤੀ ਬਹੁਤ ਜ਼ਰੂਰੀ ਏ। ਉਨ੍ਹਾਂ ਕਿਹਾ ਕਿ ਸਰਕਾਰ ਸੰਵਿਧਾਨ ਦੀ ਮਰਿਆਦਾ ਕਾਇਮ ਰੱਖਦਿਆਂ ਸਾਰਿਆਂ ਨੂੰ ਨਾਲ ਲੈ ਕੇ ਅੱਗੇ ਵਧਣਾ ਅਤੇ ਤੇਜ਼ੀ ਨਾਲ ਫੈਸਲੇ ਲੈਣਾ ਚਾਹੁੰਦੀ ਏ।

---

ਬਿਹਾਰ ਪੁਲਿਸ ਦੀ ਆਰਥਿਕ ਅਪਰਾਧ ਇਕਾਈ ਨੇ ਕਿਹਾ ਏ ਕਿ NEET- UG ਪ੍ਰੀਖਿਆ ਦਾ ਪੇਪਰ ਝਾਰਖੰਡ ਦੇ ਹਜ਼ਾਰੀਬਾਗ ਤੋਂ ਇੱਕ ਪੇਸ਼ੇਵਰ ਅੰਤਰਰਾਜੀ ਸੰਗਠਿਤ ਗਿਰੋਹ ਨੇ ਲੀਕ ਕੀਤਾ ਸੀ। ਇਕਾਈ

ਅਨੁਸਾਰ ਇਸ ਗਰੋਹ ਦੇ 13 ਮੈਂਬਰਾਂ ਨੂੰ ਐਸ ਆਈ ਟੀ ਨੇ ਗ੍ਰਿਫਤਾਰ ਕੀਤਾ ਏ ਜਿਹੜੀ ਮਾਮਲੇ ਦੀ ਜਾਂਚ ਕਰ ਰਹੀ ਏ। ਐਸ ਆਈ ਟੀ ਨੇ ਇਹ ਪਾਇਆ ਏ ਕਿ ਦਾਖਲਾ ਪ੍ਰੀਖਿਆ ਦੀ ਤਰੀਕ ਤੋਂ ਪਹਿਲਾਂ ਪਟਨਾ ਪਹੁੰਚਿਆ ਪ੍ਰਸ਼ਨ ਅਸਲ ਵਿੱਚ ਹਜ਼ਾਰੀਬਾਗ ਵਿੱਚ ਮੰਡੀ ਰੋਡ ਸਥਿਤ ਕੱਲੂ ਚੌਕ, ਓਏਸਿਸ ਸਕੂਲ ਦੇ ਪ੍ਰੀਖਿਆ ਕੇਂਦਰ ਦਾ ਸੀ। ਇਕਾਈ ਨੇ ਕਿਹਾ ਕਿ ਪੇਪਰ ਲੀਕ ਮਾਮਲੇ ਦੇ ਦੋ ਕਿੰਗਪਿਨ ਨੂੰ ਗ੍ਰਿਫਤਾਰ ਕਰ ਲਿਆ ਗਿਆ ਏ।

---------------------------------------------------------------

ਇਸ ਦੌਰਾਨ ਪੇਪਰ ਲੀਕ ਮਾਮਲੇ ਵਿਚ ਕੇਂਦਰ ਸਰਕਾਰ ਵਲੋਂ ਕੀਤੀ ਗਈ ਤੁਰੰਤ ਕਾਰਵਾਈ ਤੇ ਆਮ ਲੋਕ ਸੰਤੁਸ਼ਟ ਨੇ। ਲੁਧਿਆਣਾ ਨਿਵਾਸੀ ਭਾਰਤੀ ਸਟੇਟ ਬੈਂਕ ਦੇ ਸਾਬਕਾ ਡਿਪਟੀ ਜਨਰਲ ਮੈਨੇਜਰ ਐਸ ਕੇ ਕਪੂਰ ਦਾ ਕਹਿਣਾ ਏ ਕਿ ਸਰਕਾਰ ਦੀ ਕਾਰਵਾਈ ਸ਼ਲਾਘਾਯੋਗ ਏ।

---------------------------------------------------------------

ਪੰਜਾਬ ਦੇ ਰਾਜਪਾਲ ਬਨਵਾਰੀ ਲਾਲ ਪੁਰੋਹਿਤ ਨੇ ਬਾਲ ਭਲਾਈ ਕੌਂਸਲ ਪੰਜਾਬ ਵੱਲੋਂ 39ਵੇਂ ‘ਨੈਸ਼ਨਲ ਲਰਨ ਟੂ ਲਿਵ ਟੂਗੈਦਰ ਕੈਂਪ’ ਦਾ ਅੱਜ

ਮੋਹਾਲੀ ਵਿਖੇ ਸ਼ਮ੍ਹਾਂ ਰੌਸ਼ਨ ਕਰ ਕੇ ਉਦਘਾਟਨ ਕੀਤਾ। ਇਹ ਕੈਂਪ 29 ਜੂਨ ਤਕ ਲਗਾਇਆ ਗਿਆ ਏ। ਸਮਾਗਮ ਨੂੰ ਸੰਬੋਧਨ ਕਰਦਿਆਂ ਉਨਾਂ ਕਿਹਾ ਕਿ ਇਸ ਕੈਂਪ ਦਾ ਉਦਘਾਟਨ ਕਰ ਕੇ ਉਹਨਾਂ ਨੂੰ ਮਾਣ ਮਹਿਸੂਸ ਹੋ ਰਿਹਾ ਏ, ਕਿਉਂ ਜੋ ਇਸ ਦਾ ਉਦੇਸ਼ ਬਹੁਤ ਮਹਾਨ ਏ, ਜਿਹੜਾ ਰਾਸ਼ਟਰੀ ਏਕਤਾ ਦੇ ਸੰਕਲਪ ਨੂੰ ਮਜ਼ਬੂਤ ਕਰਦਾ ਏ ਅਤੇ ਇਹ ਦੇਸ਼ ਨੂੰ ਵਿਸ਼ਵ ਗੁਰੂ ਬਨਾਉਣ ਲਈ ਲਾਜ਼ਮੀ ਏ। ਰਾਜਪਾਲ ਪੁਰੋਹਿਤ ਨੇ ਕਿਹਾ ਕਿ ਭਾਰਤ ਦਾ ਸੱਭਿਆਚਾਰ ਸਦੀਆਂ ਪੁਰਾਣਾ ਏ, ਜਿਸ ਦਾ ਅਧਾਰ ਪੂਰੇ ਵਿਸ਼ਵ ਨੂੰ ਇਕ ਭਾਈਚਾਰਾ ਮੰਨਣ ਦੇ ਸਿਧਾਂਤ ਉੱਤੇ ਟਿਕਿਆ ਏ। ਸਮਾਜ ਵਿੱਚ ਕੋਈ ਵੀ ਵੱਡਾ ਤੇ ਕੋਈ ਵੀ ਛੋਟਾ ਨਹੀਂ ਏ ਅਤੇ ਵਿਦਿਆਰਥੀਆਂ ਵਿੱਚ ਇਹ ਭਾਵਨਾ ਪੈਦਾ ਕਰਨੀ ਵੀ ਲਾਜ਼ਮੀ ਏ। ਰਾਜਪਾਲ ਪੁਰੋਹਿਤ ਨੇ ਭਾਰਤੀ ਪੁਰਾਣਕਿਤਾ ਦੇ ਹਵਾਲੇ ਦਿੰਦਿਆਂ ਦੱਸਿਆ ਕਿ ਭਾਰਤ ਵਿਚ ਕਦੇ ਵੀ ਕੋਈ ਭੇਦਭਾਵ ਨਹੀਂ ਸੀ ਤੇ ਹੋਣਾ ਵੀ ਨਹੀਂ ਚਾਹੀਦਾ। ਉਹਨਾਂ ਕਿਹਾ ਕਿ ਗੰਗਾ ਪਹਾੜਾਂ ਵਿੱਚੋਂ ਨਿਕਲਦੀ ਏ ਤੇ ਬਿਨਾਂ ਕਿਸੇ ਸੱਭਿਆਚਾਰ ਅਤੇ ਧਾਰਮਿਕ ਵਖਰੇਵੇਂ ਤੋਂ ਸਭ ਦੀ ਪਿਆਸ ਬੁਝਾਉਂਦੀ ਏ। ਇਸੇ ਨੂੰ ਮੁੱਖ ਰੱਖਦਿਆਂ 'ਏਕ ਭਾਰਤ ਸ੍ਰੇਸ਼ਟ ਭਾਰਤ' ਦਾ

ਨਾਅਰਾ ਦਿੱਤਾ ਗਿਆ ਏ। ਰਾਜਪਾਲ ਨੇ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਇਸ ਕੈਂਪ ਦਾ ਵੱਧ ਤੋਂ ਵੱਧ ਲਾਭ ਲੈਣ।

--------------------------------------------------

ਪਹਿਲੀ ਜੁਲਾਈ ਤੋਂ ਲਾਗੂ ਹੋਣ ਵਾਲੇ ਤਿੰਨ ਨਵੇਂ ਅਪਰਾਧਿਕ ਕਾਨੂੰਨਾਂ 'ਤੇ ਫੌਜਦਾਰੀ ਨਿਆਂ ਪ੍ਰਣਾਲੀ ਬਾਰੇ ਕਲ ਨਵੀਂ ਦਿੱਲੀ ਵਿਚ ਇੱਕ ਕਾਨਫਰੰਸ ਦੌਰਾਨ ਚਰਚਾ ਕੀਤੀ ਗਈ। ਕਾਨੂੰਨ ਮੰਤਰੀ ਅਰਜੁਨ ਰਾਮ ਮੇਘਵਾਲ ਨੇ ਕਿਹਾ ਕਿ ਬਸਤੀਵਾਦੀ ਸ਼ਾਸਕਾਂ ਨੇ ਭਾਰਤੀਆਂ ਨੂੰ ਸਜ਼ਾ ਦੇਣ ਦੇ ਉਦੇਸ਼ ਨਾਲ ਇੰਡੀਅਨ ਪੀਨਲ ਕੋਡ ਬਣਾਇਆ ਸੀ। ਉਨਾਂ ਕਿਹਾ ਕਿ ਇਨਸਾਫ਼ ਦਿਵਾਉਣ ਲਈ ਹੁਣ ਭਾਰਤੀ ਨਿਆਂ ਸੰਹਿਤਾ ਲਾਗੂ ਕੀਤੀ ਜਾ ਰਹੀ ਏ।

--------------------------------------------------

ਇਸ ਦੌਰਾਨ ਜਲੰਧਰ ਵਿਚ ਸਾਡੇ ਸੰਵਾਦਦਾਤਾ ਸ਼ਿਸ਼ੂ ਸ਼ਰਮਾ ਸ਼ਾਂਤਲ ਨਾਲ ਗੱਲਬਾਤ ਕਰਦਿਆਂ ਡਿਪਟੀ ਡਿਸਟ੍ਰਿਕਟ ਅਟਾਰਨੀ ਰਿਸ਼ੀ ਭਾਰਦਵਾਜ ਨੇ ਕਿਹਾ ਕਿ ਤਿੰਨ ਨਵੇਂ ਕਾਨੂੰਨ ਭਾਰਤੀ ਨਿਆਏ ਸੰਹਿਤਾ, ਭਾਰਤੀ ਨਾਗਰਿਕ ਸੁਰਕਸ਼ਾ ਸੰਹਿਤਾ ਅਤੇ ਭਾਰਤੀ ਸਾਕਸ਼ਯ ਐਕਟ ਦਾ

ਮਕਸਦ ਵੱਖ ਵੱਖ ਜੁਰਮਾਂ ਨੂੰ ਪਰਿਭਾਸ਼ਤ ਕਰਕੇ ਉਨ੍ਹਾਂ ਲਈ ਸਜ਼ਾ ਤੈਅ ਕਰਨਾ ਅਤੇ ਦੇਸ਼ 'ਚ ਅਪਰਾਧਿਕ ਨਿਆਂ ਪ੍ਰਣਾਲੀ ਨੂੰ ਬਦਲਣਾ ਏ।

---------------------------------------------------

ਜਲੰਧਰ ਪੱਛਮੀ ਰਾਖਵੇਂ ਵਿਧਾਨ ਸਭਾ ਹਲਕੇ ਦੀ ਜ਼ਿਮਨੀ ਚੋਣ ਲਈ ਅੱਜ ਨਾਮਜ਼ਦਗੀਆਂ ਦੀ ਪੜਤਾਲ ਪਿਛੋਂ 16 ਉਮੀਦਵਾਰਾਂ ਦੇ ਨਾਮਜ਼ਦਗੀ ਪੱਤਰ ਸਹੀ ਪਾਏ ਗਏ। ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਡਾ.ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਕੁੱਲ 23 ਉਮੀਦਵਾਰਾਂ ਨੇ ਨਾਮਜ਼ਦਗੀ ਪੱਤਰ ਦਾਖਲ ਕੀਤੇ ਸਨ ਜਿਨ੍ਹਾਂ ਵਿਚੋਂ ਪੜਤਾਲ ਦੌਰਾਨ 7 ਦੇ ਨਾਮਜ਼ਦਗੀ ਪੱਤਰ ਰੱਦ ਕੀਤੇ ਗਏ ਨੇ। ਉਨ੍ਹਾਂ ਦੱਸਿਆ ਕਿ ਭਾਰਤੀ ਜਨਤਾ ਪਾਰਟੀ ਦੇ ਸ਼ੀਤਲ ਅੰਗੁਰਾਲ, ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਸਰਬਜੀਤ ਸਿੰਘ, ਬਸਪਾ ਦੇ ਬਿੰਦਰ ਕੁਮਾਰ, ਆਮ ਆਦਮੀ ਪਾਰਟੀ ਦੇ ਮਹਿੰਦਰਪਾਲ, ਇੰਡੀਅਨ ਨੈਸ਼ਨਲ ਕਾਂਗਰਸ ਦੇ ਸੁਰਿੰਦਰ ਕੌਰ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਸੁਰਜੀਤ ਕੌਰ ਦੇ ਨਾਮਜ਼ਦਗੀ ਪੱਤਰ ਦਰੁਸਤ ਪਾਏ ਗਏ। ਇਸ ਤੋਂ ਅਲਾਵਾ ਆਜ਼ਾਦ ਉਮੀਦਵਾਰ ਰਾਜ ਕੁਮਾਰ, ਇੰਦਰਜੀਤ ਸਿੰਘ, ਵਿਸ਼ਾਲ, ਅਜੇ ਕੁਮਾਰ

ਭਗਤ, ਨੀਟੂ, ਅਜੇ, ਵਰੁਣ ਕਲੇਰ, ਅਮਿਤ ਕੁਮਾਰ, ਆਰਤੀ ਅਤੇ ਦੀਪਕ ਭਗਤ ਦੇ ਕਾਗਜ਼ ਵੀ ਸਹੀ ਪਾਏ ਗਏ।

---------------------------------------------------------------

ਸਿੱਖ ਕੌਮ ਦੇ ਮਹਾਨ ਜਰਨੈਲ ਬਾਬਾ ਬੰਦਾ ਸਿੰਘ ਬਹਾਦਰ ਦੇ ਸ਼ਹੀਦੀ ਦਿਹਾੜੇ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਅੰਮ੍ਰਿਤਸਰ ਵਿਖੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨਾਲ ਸਬੰਧਤ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਅੱਜ ਇਕ ਗੁਰਮਤਿ ਸਮਾਗਮ ਕਰਵਾਇਆ ਗਿਆ। ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਗੁਰਜਿੰਦਰ ਸਿੰਘ ਦੇ ਜਥੇ ਨੇ ਗੁਰਬਾਣੀ ਕੀਰਤਨ ਕੀਤਾ। ਅਰਦਾਸ ਭਾਈ ਸੁਖਦੇਵ ਸਿੰਘ ਨੇ ਕੀਤੀ ਅਤੇ ਪਾਵਨ ਹੁਕਮਨਾਮਾ ਭਾਈ ਵਿਸ਼ਾਲ ਸਿੰਘ ਨੇ ਸਰਵਣ ਕਰਵਾਇਆ। ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਧਾਰਮਿਕ ਦੀਵਾਨ ਸਜਾਏ ਗਏ, ਜਿਸ ਵਿਚ ਬਾਬਾ ਬੰਦਾ ਸਿੰਘ ਬਹਾਦਰ ਦੇ ਜੀਵਨ ਇਤਿਹਾਸ ਤੋਂ ਸੰਗਤਾਂ ਨੂੰ ਜਾਣੂ ਕਰਵਾਇਆ।

---

ਆਈਸੀਸੀ ਟਵੰਟੀ-ਟਵੰਟੀ ਕ੍ਰਿਕਟ ਵਿਸ਼ਵ ਕੱਪ ਵਿੱਚ ਅੱਜ ਸੁਪਰ- 8 ਵਿੱਚ ਭਾਰਤ ਦਾ ਮੁਕਾਬਲਾ ਆਸਟਰੇਲੀਆ ਨਾਲ ਹੋਵੇਗਾ । ਭਾਰਤੀ ਸਮੇਂ ਅਨੁਸਾਰ ਇਹ ਮੈਚ ਰਾਤ 8 ਵਜੇ ਤੋਂ ਸੇਂਟ ਲੂਸੀਆ, ਗ੍ਰੋਸ ਆਈਲੇਟ ਦੇ ਡੈਰੇਨ ਸੈਮੀ ਨੈਸ਼ਨਲ ਕ੍ਰਿਕਟ ਸਟੇਡੀਅਮ ਵਿੱਚ ਖੇਡਿਆ ਜਾਵੇਗਾ । ਆਕਾਸ਼ਵਾਣੀ ਐਫ.ਐਮ. Rainbow 102 ਦਸ਼ਮਲਵ 6 ਮੇਗਾਹਰਟਜ਼ ਅਤੇ ਹੋਰ ਮੀਟਰਾਂ 'ਤੇ ਇਸ ਮੈਚ ਦਾ ਸਿੱਧਾ ਪ੍ਰਸਾਰਣ ਕੀਤਾ ਜਾਵੇਗਾ ।

---

**ਆਖਿਰ ਵਿਚ ਖ਼ਾਸ ਖ਼ਬਰਾਂ ਇਕ ਵਾਰ ਫੇਰ ਤੋਂ**

- 18ਵੀਂ ਲੋਕ ਸਭਾ ਦਾ ਪਹਿਲਾ ਸੈਸ਼ਨ ਅੱਜ ਨਵੇਂ ਚੁਣੇ ਗਏ ਲੋਕਸਭਾ ਮੈਂਬਰਾਂ ਵੱਲੋਂ ਸਦਨ ਦੇ ਮੈਂਬਰ ਵਜੋਂ ਸਹੁੰ ਚੁੱਕਣ ਨਾਲ ਸ਼ੁਰੂ ਹੋਇਆ।
- ਪੰਜਾਬ ਦੇ ਰਾਜਪਾਲ ਬਨਵਾਰੀ ਲਾਲ ਪੁਰੋਹਿਤ ਨੇ ਮੋਹਾਲੀ ਵਿਖੇ 39ਵੇਂ ‘ਨੈਸ਼ਨਲ ਲਰਨ ਟੂ ਲਿਵ ਟੂਗੈਦਰ ਕੈਂਪ’ ਦਾ ਉਦਘਾਟਨ ਕੀਤਾ ।

- ਜਲੰਧਰ ਪੱਛਮੀ ਰਾਖਵੇਂ ਵਿਧਾਨ ਸਭਾ ਹਲਕੇ ਦੀ ਜ਼ਿਮਨੀ ਚੋਣ ਲਈ ਨਾਮਜ਼ਦਗੀਆਂ ਦੀ ਪੜਤਾਲ ਪਿਛੋਂ 16 ਉਮੀਦਵਾਰਾਂ ਦੇ ਨਾਮਜ਼ਦਗੀ ਪੱਤਰ ਸਹੀ ਪਾਏ ਗਏ।
- ਆਈਸੀਸੀ ਟਵੰਟੀ-ਟਵੰਟੀ ਕ੍ਰਿਕਟ ਵਿਸ਼ਵ ਕੱਪ ਦੇ ਸੁਪਰ- 8 ਵਿੱਚ ਅੱਜ ਭਾਰਤ ਦਾ ਮੁਕਾਬਲਾ ਆਸਟਰੇਲੀਆ ਨਾਲ, ਆਕਾਸ਼ਵਾਣੀ ਤੇ ਮੈਚ ਕਮੈਂਟਰੀ ਦਾ ਸਿੱਧਾ ਪ੍ਰਸਾਰਣ ਹੋਵੇਗਾ।